# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 05-01-2025**

ਇਲਾਕਾਈ ਸੰਪਰਕ ਨੂੰ ਵਧਾਉਣ ਲਈ ਇੱਕ ਮਹੱਤਵਪੂਰਨ ਮੀਲ ਪੱਥਰ ਦੀ ਨਿਸ਼ਾਨਦੇਹੀ ਕਰਦੇ ਹੋਏ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਲਗਭਗ 4 ਹਜ਼ਾਰ 600 ਕਰੋੜ ਰੁਪਏ ਦੀ ਕੀਮਤ ਵਾਲੇ ਸਾਹਿਬਾਬਾਦ ਅਤੇ ਨਿਊ ਅਸ਼ੋਕ ਨਗਰ ਵਿਚਕਾਰ ਦਿੱਲੀ-ਗਾਜ਼ੀਆਬਾਦ-ਮੇਰਠ ਨਮੋ ਭਾਰਤ ਕੋਰੀਡੋਰ ਦੇ 13 ਕਿਲੋਮੀਟਰ ਲੰਬੇ ਹਿੱਸੇ ਦਾ ਉਦਘਾਟਨ ਕੀਤਾ ਏ। ਸ਼੍ਰੀ ਮੋਦੀ ਨੇ ਸਾਹਿਬਾਬਾਦ ਆਰ ਆਰ ਟੀ ਐਸ ਸਟੇਸ਼ਨ ਤੋਂ ਨਿਊ ਅਸ਼ੋਕ ਨਗਰ ਆਰ ਆਰ ਟੀ ਐਸ ਸਟੇਸ਼ਨ ਤੱਕ ਨਮੋ ਭਾਰਤ ਟਰੇਨ ਦੀ ਸਵਾਰੀ ਕੀਤੀ ਤੇ ਸਫਰ ਦੌਰਾਨ ਰੇਲ ਗੱਡੀ ਅੰਦਰ ਸਕੂਲੀ ਬੱਚਿਆਂ ਨਾਲ ਗੱਤਬਾਤ ਵੀ ਕੀਤੀ।

---

ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ

ਖੁੱਡੀਆਂ ਨੇ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੂੰ ਅਪੀਲ ਕੀਤੀ ਕਿ ਕਿਸਾਨਾਂ ਅਤੇ ਕੇਂਦਰ ਸਰਕਾਰ ਦਰਮਿਆਨ ਸੰਵਾਦ ਵਿੱਚ ਆਈ ਖੜੋਤ ਨੂੰ ਤੋੜ ਕੇ ਦੋਵੇਂ ਧਿਰਾਂ ਵਿਚਕਾਰ ਸਾਰਥਕ ਗੱਲਬਾਤ ਮੁੜ ਸ਼ੁਰੂ ਕੀਤੀ ਜਾਵੇ। ਸ੍ਰੀ ਚੌਹਾਨ ਵੀਡੀਓ ਕਾਨਫਰੰਸ ਰਾਹੀਂ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ ਖੇਤੀਬਾੜੀ ਅਤੇ ਬਾਗ਼ਬਾਨੀ ਮੰਤਰੀਆਂ ਨਾਲ ਖੇਤੀਬਾੜੀ ਸੈਕਟਰ ‘ਚ ਸੁਧਾਰਾਂ ਬਾਰੇ ਚਰਚਾ ਕਰ ਰਹੇ ਸਨ। ਸ੍ਰੀ ਖੁੱਡੀਆਂ ਨੇ ਡੂੰਘੀ ਚਿੰਤਾ ਜ਼ਾਹਿਰ ਕਰਦਿਆਂ ਕੇਂਦਰੀ ਖੇਤੀਬਾੜੀ ਮੰਤਰੀ ਨੂੰ ਦੱਸਿਆ ਕਿ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦਾ ਮਰਨ ਵਰਤ 40 ਦਿਨਾਂ ਤੋਂ ਚੱਲ ਰਿਹਾ ਏ ਜਿਸ ਕਾਰਨ ਉਨ੍ਹਾਂ ਦੀ ਸਿਹਤ ਅਤੇ ਜ਼ਿੰਦਗੀ ਦਾਅ ‘ਤੇ ਲੱਗੀ ਹੋਈ ਏ। ਇਸ ਲਈ ਅਜਿਹੀ ਸਥਿਤੀ ਵਿੱਚ ਇਹ ਲਾਜ਼ਮੀ ਹੋ ਜਾਂਦਾ ਹੈ ਕਿ ਕੇਂਦਰ ਸਰਕਾਰ ਕਿਸਾਨ ਆਗੂ ਦੀ ਜਾਨ ਬਚਾਉਣ ਅਤੇ ਕਿਸਾਨਾਂ ਦੇ ਮਸਲਿਆਂ ਦਾ ਜਲਦ ਤੋਂ ਜਲਦ ਹੱਲ ਕੱਢਣ ਲਈ ਕੋਈ ਮਿਸਾਲੀ ਫੈਸਲਾ ਲਵੇ। ਇੱਕ ਹੋਰ ਵੱਡਾ ਮੁੱਦਾ ਉਠਾਉਂਦਿਆਂ ਉਨ੍ਹਾਂ ਨੇ ਪਾਣੀ ਦੀ ਜ਼ਿਆਦਾ ਖ਼ਪਤ ਵਾਲੀ ਝੋਨੇ ਦੀ ਫਸਲ ਤੋਂ ਛੁਟਕਾਰਾ ਦਿਵਾਉਣ ਲਈ ਕਿਸਾਨਾਂ ਨੂੰ ਬਦਲਵੀਆਂ ਫ਼ਸਲਾਂ

ਦੀ ਲਾਗਤ ਦੇ ਪਾੜੇ ਨੂੰ ਪੂਰਨ ਲਈ ਗੈਪ ਫੰਡਿੰਗ ਵਜੋਂ 15 ਹਜ਼ਾਰ ਰੁਪਏ ਪ੍ਰਤੀ ਏਕੜ ਦੇਣ ਦੀ ਮੰਗ ਕੀਤੀ।

------------------------------------------------

ਪੰਜਾਬ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਦੱਸਿਆ ਕਿ ਪੀ.ਐੱਸ.ਪੀ.ਸੀ.ਐੱਲ. ਦੇ ਮਹੱਤਵਪੂਰਨ ਯੋਗਦਾਨ ਨੂੰ ਮਾਨਤਾ ਦਿੰਦੇ ਹੋਏ, ਭਾਰਤ ਸਰਕਾਰ ਨੇ ਕਾਰਪੋਰੇਸ਼ਨ ਨੂੰ ਵਿੱਤੀ ਸਾਲ 2022-23 ਦੌਰਾਨ ਸੂਬੇ ਦੀ ਰੂਫਟਾਪ ਸੋਲਰ ਊਰਜਾ ਵਿੱਚ 60.51 ਮੈਗਾਵਾਟ ਦੇ ਸਫਲਤਪੂਰਵਕ ਵਾਧੇ ਲਈ 11.39 ਕਰੋੜ ਰੁਪਏ ਦਾ ਵਿੱਤੀ ਇਨਾਮ ਦਿੱਤਾ ਏ। ਇਸ ਸਮਰੱਥਾ ਵਾਧੇ ਨਾਲ ਰੋਜ਼ਾਨਾ ਲਗਭਗ 2.4 ਲੱਖ ਯੂਨਿਟ ਸੂਰਜੀ ਊਰਜਾ ਪੈਦਾ ਹੋਣ ਦੀ ਉਮੀਦ ਏ, ਜੋ ਕਿ ਪੰਜਾਬ ਵੱਲੋਂ ਸਾਫ਼ ਅਤੇ ਟਿਕਾਊ ਊਰਜਾ ਅਪਣਾਉਣ ਵੱਲ ਇੱਕ ਅਹਿਮ ਕਦਮ ਏ। ਰੂਫਟਾਪ ਸੋਲਰ ਸਮਰੱਥਾ ਦੀ ਵਿੱਚ ਹੋਈ ਤਰੱਕੀ ’ਤੇ ਚਾਨਣਾ ਪਾਉਂਦਿਆਂ ਬਿਜਲੀ ਮੰਤਰੀ ਨੇ ਕਿਹਾ ਕਿ ਵਿੱਤੀ ਸਾਲ 2023-24 ਦੌਰਾਨ ਵੀ 86 ਮੈਗਾਵਾਟ ਦਾ ਪ੍ਰਭਾਵਸ਼ਾਲੀ ਵਾਧਾ ਹੋਇਐ। ਇਸ ਨਾਲ ਪੰਜਾਬ ਵਿੱਚ ਰੂਫ਼ਟਾਪ ਸੋਲਰ ਦੀ ਕੁੱਲ ਸਥਾਪਿਤ ਸਮਰੱਥਾ ਹੁਣ ਤੱਕ

430 ਮੈਗਾਵਾਟ ਹੋ ਗਈ ਏ, ਜੋ ਰਾਜ ਦੀ ਨਵਿਆਉਣਯੋਗ ਊਰਜਾ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੀ ਏ। ਇਸ ਪ੍ਰਾਪਤੀ ਦੇ ਬਹੁਪੱਖੀ ਲਾਭਾਂ ਨੂੰ ਦਰਸਾਉਂਦੇ ਹੋਏ, ਬਿਜਲੀ ਮੰਤਰੀ ਨੇ ਕਿਹਾ ਕਿ ਇਸ ਸਮਰੱਥਾ ਵਾਧੇ ਤੋਂ ਪੈਦਾ ਹੋਣ ਵਾਲੀ ਸੂਰਜੀ ਊਰਜਾ ਪੀ.ਐਸ.ਪੀ.ਸੀ.ਐਲ ਦੇ ਖਪਤਕਾਰਾਂ ਲਈ ਬਿਜਲੀ ਦੇ ਬਿੱਲਾਂ ਵਿੱਚ ਮਹੱਤਵਪੂਰਨ ਕਮੀ ਕਰੇਗੀ ਅਤੇ ਵਾਤਾਵਰਣ ਨੂੰ ਬਹੁਤ ਲਾਭ ਪਹੁੰਚਾਏਗੀ।

---------------------------------------------------

ਪਾਕਿਸਤਾਨੀ ਤਸਕਰਾਂ ਤੋਂ ਡਰੋਨ ਰਾਹੀਂ ਹੈਰੋਇਨ ਦੀ ਖੇਪ ਮੰਗਵਾਉਣ ਵਾਲੇ ਇੱਕ ਨੌਜਵਾਨ ਨੂੰ ਗੁਰਦਾਸਪੁਰ ਪੁਲਿਸ ਨੇ ਕਰੋੜਾਂ ਰੁਪਏ ਦੀ ਹੈਰੋਇਨ ਸਮੇਤ ਕਾਬੂ ਕੀਤਾ ਏ ਜਦਕਿ ਮਾਮਲੇ ਵਿੱਚ ਇੱਕ ਹੋਰ ਨੌਜਵਾਨ ਨੂੰ ਦੀ ਭਾਲ ’ਚ ਛਾਪੇਮਾਰੀ ਕੀਤੀ ਜਾ ਰਹੀ ਏ। ਦੱਸਿਆ ਗਿਐ ਕਿ ਇਹ ਦੋਵੇਂ ਮੁਲਜ਼ਮ ਮੋਬਾਈਲ ਰਾਹੀਂ ਪਾਕਿਸਤਾਨ ਗੱਲ ਕਰ ਕੇ ਹੈਰੋਇਨ ਦੀ ਖੇਪ ਮੰਗਾਉਂਦੇ ਸੀ ਅਤੇ ਇਹਨਾਂ ਦੇ ਸਬੰਧ ਪਾਕਿਸਤਾਨ ਦੇ ਨਾਮੀ ਤਸਕਰ ਸਿਕੰਦਰ ਨਾਲ ਦੱਸੇ ਜਾ ਰਹੇ ਨੇ। ਗ੍ਰਿਫਤਾਰ ਕੀਤੇ

ਗਏ ਨੌਜਵਾਨ ਦਾ ਚਾਰ ਦਿਨਾਂ ਦਾ ਪੁਲਿਸ ਰਿਮਾਂਡ ਹਾਸਲ ਕਰ ਕੇ ਇਸ ਤੋਂ ਪੁੱਛਕਿਛ ਕੀਤੀ ਜਾ ਰਹੀ ਏ।

--------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਤਹਿਤ ਰਿਜਨਲ ਟਰਾਂਸਪੋਰਟ ਅਥਾਰਟੀ ਬਠਿੰਡਾ ਨਾਲ ਗੰਨਮੈਨ ਵਜੋਂ ਤਾਇਨਾਤ ਸਿਪਾਹੀ ਸੁਖਪ੍ਰੀਤ ਸਿੰਘ ਨੂੰ ਆਪਣੇ ਸਾਥੀਆਂ ਦੀ ਮਦਦ ਨਾਲ ਟਰਾਂਸਪੋਰਟਰਾਂ ਤੋਂ ਕਰੀਬ 20-25 ਲੱਖ ਰੁਪਏ ਦੀ ਮਹੀਨਾਵਾਰ ਰਿਸ਼ਵਤ ਲੈਣ ਦੇ ਦੋਸ਼ ਹੇਠ ਕਾਬੂ ਕੀਤਾ ਏ। ਮੁਹਾਲੀ ਅਦਾਲਤ ਨੇ ਸੁਖਪ੍ਰੀਤ ਨੂੰ ਹੋਰ ਪੁੱਛਗਿੱਛ ਲਈ ਚਾਰ ਦਿਨ ਦੇ ਪੁਲਿਸ ਰਿਮਾਂਡ ’ਤੇ ਵਿਜੀਲੈਂਸ ਬਿਊਰੋ ਦੀ ਹਿਰਾਸਤ ਵਿੱਚ ਭੇਜ ਦਿੱਤਾ ਏ। ਵਧੇਰੇ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਗ੍ਰਿਫਤਾਰੀ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ’ਤੇ ਬਠਿੰਡਾ ਜ਼ਿਲ੍ਹੇ ਦੇ ਰਾਮਪੁਰਾ ਕਸਬੇ ਨੇੜਲੇ ਪਿੰਡ ਲਹਿਰਾ ਧੂਰਕੋਟ ਦੇ ਇੱਕ ਟਰਾਂਸਪੋਰਟਰ ਧਰਮ ਸਿੰਘ ਵੱਲੋਂ ਕੀਤੀ ਗਈ ਆਨਲਾਈਨ ਸ਼ਿਕਾਇਤ ਦੇ ਆਧਾਰ ’ਤੇ ਕੀਤੀ ਗਈ ਏ। ਸ਼ਿਕਾਇਤ ਦੀ ਪੜਤਾਲ

ਦੌਰਾਨ ਦੋਸ਼ ਸਹੀ ਪਾਏ ਗਏ । ਸ਼ਿਕਾਇਤਕਰਤਾ ਦੇ ਬਿਆਨਾਂ ਅਤੇ ਆਡੀਓ ਸਬੂਤਾਂ ਦੇ ਆਧਾਰ ’ਤੇ ਸਿਪਾਹੀ ਸੁਖਪ੍ਰੀਤ ਸਿੰਘ ਅਤੇ ਜੱਗੀ ਸਿੰਘ ਖਿਲਾਫ ਐਫਆਈਆਰ ਦਰਜ ਕੀਤੀ ਗਈ ਏ। ਬੁਲਾਰੇ ਨੇ ਕਿਹੈ ਕਿ ਮਾਮਲੇ ਦੀ ਜਾਂਚ ਅੱਗੇ ਵਧਣ ਨਾਲ ਹੋਰ ਖੁਲਾਸੇ ਹੋਣ ਦੀ ਉਮੀਦ ਏ।

---------------------------------------------------

ਪੰਜਾਬ ‘ਚ ਚਾਈਨਾ ਡੋਰ, ਸਿੰਥੈਟਿਕ ਮਟੀਰੀਅਲ ਤੋਂ ਬਣੀ ਡੋਰ ‘ਤੇ ਪੂਰੀ ਤਰ੍ਹਾਂ ਪਾਬੰਦੀ ਲਗਾ ਦਿੱਤੀ ਗਈ ਏ । ਇਹ ਹੁਕਮ ਪੰਜਾਬ ਦੇ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਜਾਰੀ ਕੀਤੇ ਗਏ ਨੇ । ਇਸ ਸਬੰਧੀ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਸਜ਼ਾ ਦੀ ਵਿਵਸਥਾ ਵੀ ਕੀਤੀ ਗਈ ਏ । ਦੱਸਿਆ ਗਿਐ ਕਿ ਵਾਤਾਵਰਣ ਐਕਟ, 1986 ਦੀ ਧਾਰਾ 5 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਅੱਜ ਯਾਨੀ 5 ਜਨਵਰੀ ਤੋਂ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ । ਪ੍ਰਦੂਸ਼ਣ ਕੰਟਰੋਲ ਬੋਰਡ ਨੇ ਕਿਹੈ ਕਿ ਜੇਕਰ ਕੋਈ ਹਦਾਇਤਾਂ ਦੀ ਉਲੰਘਣਾ ਕਰਦਾ ਹੈ, ਤਾਂ ਉਸ ‘ਤੇ 10 ਹਜ਼ਾਰ  ਰੁਪਏ ਤੋਂ ਲੈ ਕੇ 15 ਲੱਖ ਰੁਪਏ ਤੱਕ ਦਾ ਜੁਰਮਾਨਾ ਲਗਾਇਆ ਜਾ ਸਕਦਾ ਏ । ਵਿਭਾਗ ਨੇ ਇਹ ਵੀ

ਕਿਹਾ ਹੈ ਕਿ ਜੇਕਰ ਕੋਈ ਵਿਅਕਤੀ ਚਾਈਨਾ ਡੋਰ ਫੜਦਾ ਏ ਤਾਂ ਉਸ ਨੂੰ ਇਨਾਮ ਦਿੱਤਾ ਜਾਵੇਗਾ।